ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

13:40

ਮਿਤੀ: 5-11-2026

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਏਸ਼ੀਆਈ ਪੈਰਾ ਖੇਡਾਂ 2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਦੇ ਮੈਂਬਰਾਂ ਨਾਲ ਅੱਜ ਨਵੀਂ ਦਿੱਲੀ ‘ਚ ਗੱਲਬਾਤ ਕਰਨਗੇ।

- ਚੋਣ ਕਮਿਸ਼ਨ ਵਲੋਂ ਚੰਡੀਗੜ੍ਹ, ਸਮੇਤ ਵੱਖ-ਵੱਖ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੇ ਰਾਜਾਂ ‘ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੋਧ SSR ਦਾ ਐਲਾਨ।

- ਕੇਂਦਰ ਨੇ ਪੰਜਾਬ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ VB-G RAM G ਕਾਨੂੰਨ ਤਹਿਤ ਚਾਰਾ ਸੁਰੱਖਿਆ ਮਜ਼ਬੂਤ ਕਰਨ ਸੰਬੰਧੀ ਸਲਾਹ ਜਾਰੀ ਕੀਤੀ।

- ਸੁਪਰੀਮ ਕੋਰਟ ਨੇ ਕਿਹੈ ਕਿ ਗ੍ਰਿਫ਼ਤਾਰ ਵਿਅਕਤੀ ਨੂੰ ਮੈਜਿਸਟ੍ਰੇਟ ਸਾਹਮਣੇ ਪੇਸ਼ ਕਰਨ ਲਈ 24 ਘੰਟੇ ਦੀ ਸੰਵਿਧਾਨਕ ਸਮਾਂ-ਸੀਮਾ ਅਸਲ ਹਿਰਾਸਤ ਦੇ ਸਮੇਂ ਤੋਂ ਸ਼ੁਰੂ ਹੁੰਦੀ ਏ।

- 9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਜਾਪਾਨ ਨਾਲ। ਮੁਕਾਬਲਾ ਸ਼ਾਮ 7 ਵਜੇ ਸ਼ੁਰੂ ਹੋਵੇਗਾ।

ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਸਪੋਰਟਸ ਕੰਪਲੈਕਸ ਵਿੱਚ, ਏਸ਼ੀਆਈ ਪੈਰਾ ਖੇਡਾਂ 2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਦੇ ਮੈਂਬਰਾਂ ਨਾਲ ਗੱਲਬਾਤ ਕਰਨਗੇ। ਇਸ ਮੌਕੇ ਉਹ ਇਕੱਠ ਨੂੰ ਸੰਬੋਧਨ ਵੀ ਕਰਨਗੇ।

ਜਾਪਾਨ ਦੇ ਆਈਚੀ-ਨਾਗੋਯਾ ਵਿੱਚ ਹੋਈਆਂ ਏਸ਼ੀਆਈ ਪੈਰਾ ਖੇਡਾਂ ਵਿੱਚ, ਭਾਰਤ ਨੇ ਹੁਣ ਤੱਕ ਦੀ ਆਪਣੀ ਸਭ ਤੋਂ ਵਧੀਆ ਕਾਰਗੁਜ਼ਾਰੀ ਦਿਖਾਈ, ਜਿਸ ਵਿੱਚ 97 ਪੈਰਾ-ਖਿਡਾਰੀਆਂ ਨੇ ਕੁੱਲ 114 ਤਮਗੇ ਹਾਸਿਲ ਕੀਤੇ। ਤਮਗਾ ਸੂਚੀ ਵਿੱਚ 30 ਸੋਨੇ ਦੇ, 35 ਚਾਂਦੀ ਦੇ ਅਤੇ 49 ਕਾਂਸੀ ਦੇ ਤਮਗੇ ਸ਼ਾਮਿਲ ਨੇ। ਇਸ ਸਮਾਰੋਹ ਵਿੱਚ ਤਮਗੇ ਜਿੱਤਣ ਵਾਲੇ ਖਿਡਾਰੀ, ਕੋਚ, ਭਾਰਤੀ ਪੈਰਾਲੰਪਿਕ ਕਮੇਟੀ ਤੇ ਭਾਰਤੀ ਓਲੰਪਿਕ

ਸੰਘ ਦੇ ਅਧਿਕਾਰੀ, ਰਾਸ਼ਟਰੀ ਖੇਡ ਫੈਡਰੇਸ਼ਨਾਂ ਦੇ ਨੁਮਾਇੰਦੇ ਅਤੇ ਨੌਜਵਾਨ ਮਾਮਲਿਆਂ ਤੇ ਖੇਡ ਮੰਤਰਾਲੇ ਦੇ ਅਧਿਕਾਰੀ ਸ਼ਾਮਿਲ ਹੋਣਗੇ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ 2014 ਵਿੱਚ, ਦੇਸ਼ ਦੇ ਪੰਜ ਸ਼ਹਿਰਾਂ ਵਿੱਚ ਸਿਰਫ਼ 248 ਕਿਲੋਮੀਟਰ ਮੈਟਰੋ ਨੈੱਟਵਰਕ ਸੀ, ਜਦੋਂ ਕਿ ਅੱਜ, 26 ਸ਼ਹਿਰਾਂ ਵਿੱਚ ਕਰੀਬ 1,200 ਕਿਲੋਮੀਟਰ ਤੱਕ ਫੈਲਿਆ ਮੈਟਰੋ ਨੈੱਟਵਰਕ ਏ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਹਰ ਰੋਜ਼ 1 ਕਰੋੜ ਤੋਂ ਵੱਧ ਲੋਕ ਮੈਟਰੋ ਰਾਹੀਂ ਸਫ਼ਰ ਕਰਦੇ ਨੇ । ਉਨ੍ਹਾਂ ਕਿਹਾ ਕਿ ਮੈਟਰੋ ਦੇ ਫਾਇਦੇ ਸਿਰਫ਼ ਅੰਕੜਿਆਂ ਤੱਕ ਸੀਮਤ ਨਹੀਂ ਨੇ। ਇਸ ਨਾਲ ਟ੍ਰੈਫਿਕ ਵਿੱਚ ਲਗਣ ਵਾਲਾ ਸਮਾਂ ਬਚਦਾ ਏ, ਅਤੇ ਕਾਰਜ ਕੁਸ਼ਲਤਾ ਅਤੇ ਬਿਹਤਰ ਮੌਕੇ ਮਿਲਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸ਼ਹਿਰੀ ਭਾਰਤ ਵਿੱਚ ਵੀ ਇਸੇ ਤਰ੍ਹਾਂ ਦੀ ਤਬਦੀਲੀ ਲਿਆਉਣ ਲਈ ਕੰਮ ਕਰ ਰਹੀ ਏ।

ਚੋਣ ਕਮਿਸ਼ਨ ਨੇ ਚੰਡੀਗੜ੍ਹ, ਅਰੁਣਾਚਲ ਪ੍ਰਦੇਸ਼, ਦਾਦਰਾ ਅਤੇ ਨਗਰ ਹਵੇਲੀ ਅਤੇ ਦਮਨ ਅਤੇ ਦੀਵ, ਮਿਜ਼ੋਰਮ, ਓਡੀਸ਼ਾ ਅਤੇ ਸਿੱਕਮ ਵਿੱਚ ਵੋਟਰ ਸੂਚੀਆਂ ਦੀ ਇੱਕ ਵਿਸ਼ੇਸ਼ ਸੰਖੇਪ ਸੋਧ SSR ਦਾ ਐਲਾਨ ਕੀਤਾ

ਏ, ਜਿਸਦੀ ਯੋਗਤਾ ਤਰੀਕ ਪਹਿਲੀ ਜਨਵਰੀ 2027 ਏ। ਕਮਿਸ਼ਨ ਮੁਤਾਬਿਕ, ਪੋਲਿੰਗ ਰਾਜਾਂ ਦੇ ਤਰਕਸੰਗਤੀਕਰਨ ਜਾਂ ਪੁਨਰਗਠਨ ਇਸ ਮਹੀਨੇ ਦੀ 20 ਤਰੀਕ ਤੱਕ ਪੂਰੇ ਕਰ ਲਏ ਜਾਣਗੇ ਅਤੇ ਏਕੀਕ੍ਰਿਤ ਖਰੜਾ ਵੋਟਰ ਸੂਚੀਆਂ ਦਾ ਪ੍ਰਕਾਸ਼ਨ 30 ਨਵੰਬਰ ਤੱਕ ਕੀਤਾ ਜਾਵੇਗਾ। ਦਾਅਵਿਆਂ ਅਤੇ ਇਤਰਾਜ਼ਾਂ ਨੂੰ ਦਾਇਰ ਕਰਨ ਦੀ ਮਿਆਦ 30 ਨਵੰਬਰ ਤੋਂ 30 ਦਸੰਬਰ ਤੱਕ ਹੋਵੇਗੀ। ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਅਗਲੇ ਸਾਲ 18 ਜਨਵਰੀ ਤੱਕ ਪੂਰਾ ਕਰ ਲਿਆ ਜਾਵੇਗਾ। ਵੋਟਰ ਸੂਚੀਆਂ ਦੇ ਅੰਤਿਮ ਪ੍ਰਕਾਸ਼ਨ ਦੀ ਤਰੀਕ 21 ਜਨਵਰੀ 2027 ਏ।

ਕੇਂਦਰ ਨੇ ਪੰਜਾਬ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਵਿਕਸਿਤ ਭਾਰਤ-ਰੋਜ਼ਗਾਰ ਅਤੇ ਅਜੀਵਿਕਾ ਲਈ ਗਾਰੰਟੀ ਮਿਸ਼ਨ (ਗ੍ਰਾਮੀਣ): VB-G RAM G ਕਾਨੂੰਨ, 2025 ਤਹਿਤ ਤਾਲਮੇਲ ਰਾਹੀਂ ਚਾਰਾ ਸੁਰੱਖਿਆ, ਚਰਾਗਾਹ ਵਿਕਾਸ ਅਤੇ ਪਸ਼ੂਧਨ-ਸਹਾਇਤਾ ਵਾਲੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇੱਕ ਸਲਾਹ ਜਾਰੀ ਕੀਤੀ ਏ। ਇਹ ਸਲਾਹ ਦਿਹਾਤੀ ਵਿਕਾਸ ਵਿਭਾਗ ਅਤੇ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਵਲੋਂ ਸਾਂਝੇ ਤੌਰ 'ਤੇ ਜਾਰੀ ਕੀਤੀ ਗਈ ਏ। ਇਹ ਪਹਿਲਕਦਮੀ ਚਾਰੇ ਦੀ ਘਾਟ ਨੂੰ ਹੱਲ ਕਰਨ, ਪਸ਼ੂਧਨ ਨਾਲ ਸੰਬੰਧਿਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਦਿਹਾਤੀ ਪਰਿਵਾਰਾਂ, ਖਾਸ ਕਰਕੇ ਛੋਟੇ ਅਤੇ ਹਾਸ਼ਿਆਗਤ ਕਿਸਾਨਾਂ ਅਤੇ ਪਸ਼ੂਧਨ ਅਤੇ ਡੇਅਰੀ ਗਤੀਵਿਧੀਆਂ

'ਤੇ ਨਿਰਭਰ ਭੂਮੀਹੀਣ ਪਰਿਵਾਰਾਂ ਦੀ ਉਪਜੀਵਿਕਾ ਦੀ ਹਮਾਇਤ ਕਰਨ ਲਈ ਇੱਕ ਸੰਪੂਰਨ ਸਰਕਾਰ ਦੀ ਪਹੁੰਚ ਅਪਣਾਉਂਦੀ ਏ।

ਸਲਾਹ VB-G RAM G ਢਾਂਚੇ ਤਹਿਤ 375 ਆਗਿਆਯੋਗ ਕੰਮਾਂ ਦੀ ਸੂਚੀ ਵਿੱਚੋਂ 22 ਸੰਬੰਧਿਤ ਕੰਮਾਂ ਦੀ ਪਛਾਣ ਕਰਦੀ ਏ। ਇਹਨਾਂ ਵਿਚ ਚਾਰੇ ਦੀ ਕਾਸ਼ਤ ਅਤੇ ਭੰਡਾਰ, ਚਰਾਗਾਹ ਵਿਕਾਸ, ਪਸ਼ੂਧਨ ਆਸਰਾ, ਡੇਅਰੀ ਬੁਨਿਆਦੀ ਢਾਂਚੇ ਅਤੇ ਪਸ਼ੂਧਨ ਸਿਹਤ ਸਹੂਲਤਾਂ ਸ਼ਾਮਿਲ ਨੇ।

ਸੂਚਨਾ ਅਤੇ ਪ੍ਰਸਾਰਣ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਲੋਕ ਸਭਾ ਲੋਕਤੰਤਰ ਦਾ ਮੰਦਿਰ ਏ ਅਤੇ ਸਰਕਾਰ ਹਰ ਮੁੱਦੇ 'ਤੇ ਚਰਚਾ ਕਰਨ ਲਈ ਤਿਆਰ ਏ। ਸ਼੍ਰੀ ਵੈਸ਼ਨਵ ਨੇ ਜੈਪੁਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਗੱਲ ਕਹੀ. ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਅਤੇ ਰਾਸ਼ਟਰੀ ਲੋਕਤੰਤਰੀ ਗਠਜੋੜ ਲੋਕਤੰਤਰ ਵਿੱਚ ਵਿਸ਼ਵਾਸ ਰੱਖਦੇ ਨੇ, ਜਦੋਂ ਕਿ ਕਾਂਗਰਸ ਸੰਵਿਧਾਨ ਦੀ ਹਤਿਆ ਕਰਨ ਵਿਚ ਲਗੀ ਹੋਈ ਏ। ਅਗਨੀਵੀਰ ਯੋਜਨਾ ਬਾਰੇ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਸ਼ੁਰੂ ਤੋਂ ਹੀ, ਪ੍ਰਧਾਨ ਮੰਤਰੀ ਅਤੇ ਰੱਖਿਆ ਮੰਤਰੀ ਨੇ ਇਸਨੂੰ ਇੱਕ ਚੰਗਾ ਤਜਰਬਾ ਦੱਸਿਆ ਸੀ। ਚਾਰ ਸਾਲਾਂ ਤੋਂ ਵੱਧ ਸਮੇਂ ਵਿੱਚ, ਇਸ ਦੇ ਉਸਾਰੂ ਨਤੀਜੇ ਸਾਹਮਣੇ ਆਏ ਨੇ. ਯੋਜਨਾ ਦਾ ਲਗਾਤਾਰ ਮੁਲੰਕਣ ਕੀਤਾ ਜਾ ਰਿਹਾ ਏ, ਅਤੇ ਅਗਨੀਵੀਰ ਯੋਜਨਾ ਕਾਮਯਾਬ ਸਾਬਿਤ ਹੋਈ ਏ -

BYTE: ASHWINI AGNIVEER

ਸ਼੍ਰੀਗੰਗਾਨਗਰ ਵਿੱਚ ਰੇਲਵੇ ਟਰੈਕ 'ਤੇ ਹਾਲ ਹੀ ਵਿੱਚ ਹੋਏ ਧਮਾਕੇ ਬਾਰੇ, ਉਨ੍ਹਾਂ ਕਿਹਾ ਕਿ ਰੇਲਵੇ ਅਤੇ ਰਾਜ ਸਰਕਾਰ ਦੇ ਅਧਿਕਾਰੀ ਸਾਂਝੇ ਤੌਰ 'ਤੇ ਜਾਂਚ ਕਰ ਰਹੇ ਨੇ. ਮੁੱਢਲੇ ਸਬੂਤ ਸਾਹਮਣੇ ਆਉਣ ਤੋਂ ਬਾਅਦ ਰਾਜ ਸਰਕਾਰ NIA ਤੋਂ ਜਾਂਚ ਕਰਵਾਉਣ ਦਾ ਫੈਸਲਾ ਕਰੇਗੀ।

ਅੰਮ੍ਰਿਤ ਭਾਰਤ ਸਟੇਸ਼ਨ ਪ੍ਰੋਜੈਕਟ ਬਾਰੇ, ਉਨ੍ਹਾਂ ਕਿਹਾ ਕਿ ਸਟੇਸ਼ਨਾਂ ਦੇ ਮੁੜ੍ਹ ਵਿਕਾਸ ਵਿੱਚ ਸਥਾਨਕ ਕਲਾ ਅਤੇ ਆਰਕੀਟੈਕਚਰ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾ ਰਿਹਾ ਏ।

ਸੁਪਰੀਮ ਕੋਰਟ ਨੇ ਕਿਹੈ ਕਿ ਗ੍ਰਿਫ਼ਤਾਰ ਵਿਅਕਤੀ ਨੂੰ ਮੈਜਿਸਟ੍ਰੇਟ ਸਾਹਮਣੇ ਪੇਸ਼ ਕਰਨ ਲਈ 24 ਘੰਟੇ ਦੀ ਸੰਵਿਧਾਨਕ ਸਮਾਂ-ਸੀਮਾ ਅਸਲ ਹਿਰਾਸਤ ਦੇ ਸਮੇਂ ਤੋਂ ਸ਼ੁਰੂ ਹੁੰਦੀ ਏ, ਨਾ ਕਿ ਪੁਲਿਸ ਵਲੋਂ ਦਰਜ ਕੀਤੀ ਗਈ ਬਕਾਇਦਾ ਗਿਰਫਤਾਰੀ ਸਮੇਂ ਤੋਂ। ਇਹ ਫੈਸਲਾ ਚਾਰ ਵਿਅਕਤੀਆਂ ਵੱਲੋਂ ਤ੍ਰਿਪੁਰਾ ਹਾਈ ਕੋਰਟ ਦੇ ਨਸ਼ੀਲੇ ਪਦਾਰਥਾਂ ਬਾਰੇ NDPS ਕਾਨੂੰਨ ਤਹਿਤ ਦਰਜ ਇੱਕ ਮਾਮਲੇ ਵਿੱਚ, ਜ਼ਮਾਨਤ ਦੇਣ ਤੋਂ ਇਨਕਾਰ ਕਰਨ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਅਪੀਲਾਂ 'ਤੇ ਆਇਆ ਏ। ਜਸਟਿਸ ਉੱਜਲ ਭੂਯਾਨ ਅਤੇ ਅਤੁਲ ਐਸ. ਚੰਦੂਰਕਰ ਦੇ ਬੈਂਚ ਨੇ ਕਿਹਾ ਕਿ, ਸੰਵਿਧਾਨ ਦੀ ਧਾਰਾ 22(2) ਤਹਿਤ ਨਿਰਧਾਰਤ 24 ਘੰਟਿਆਂ ਦੀ ਮਿਆਦ ਉਸ ਤਰੀਕ ਅਤੇ ਸਮੇਂ ਤੋਂ ਕੀਤੀ ਜਾਣੀ

ਚਾਹੀਦੀ ਏ ਜਦੋਂ ਕਿਸੇ ਵਿਅਕਤੀ ਨੂੰ ਅਸਲ ਵਿੱਚ ਹਿਰਾਸਤ ਵਿੱਚ ਲਿਆ ਜਾਂਦਾ ਏ।

ਪੰਜਾਬ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ, 16 ਵਿਅਕਤੀਆਂ ਨੂੰ ਅਤਿ-ਆਧੁਨਿਕ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰਾਂ, ਧਮਾਕਾਖੇਜ਼ ਸਮੱਗਰੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਕਈ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਏ। ਉਹ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਨਾਲ ਕੰਮ ਕਰ ਰਹੇ ਸਨ।

ਗ੍ਰਿਫ਼ਤਾਰੀ ਦੀ ਪੁਸ਼ਟੀ ਕਰਦੇ ਹੋਏ, ਪੰਜਾਬ ਪੁਲਿਸ ਦੇ ਪੁਲਿਸ ਡਾਇਰੈਕਟਰ ਜਨਰਲ, DGP ਗੌਰਵ ਯਾਦਵ ਨੇ ਅੱਜ ਦੱਸਿਆ ਕਿ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਪਿਸਤੌਲ, 2 ਅਤਿ-ਆਧੁਨਿਕ ਉਜ਼ੀ ਬੰਦੂਕਾਂ, ਜ਼ਿੰਦਾ ਕਾਰਤੂਸ ਅਤੇ 2 ਹੱਥਗੋਲੇ ਬਰਾਮਦ ਕੀਤੇ ਗਏ ਨੇ. DGP ਨੇ ਕਿਹਾ ਕਿ ਉਨ੍ਹਾਂ ਤੋਂ 34 ਕਿਲੋਗ੍ਰਾਮ ਹੈਰੋਇਨ ਵੀ ਜ਼ਬਤ ਕੀਤੀ ਗਈ ਏ।

ਇਹ ਕਾਰਵਾਈ ਅੰਮ੍ਰਿਤਸਰ ਦਿਹਾਤੀ ਪੁਲਿਸ ਵਲੋਂ ਕੀਤੀ ਗਈ ਸੀ ਜਿਸਦਾ ਦਾਅਵਾ ਏ ਕਿ ਗ੍ਰਿਫ਼ਤਾਰੀ ਦੇ ਨਾਲ, ਰਾਜ ਵਿੱਚ ਗੋਲੀਬਾਰੀ ਦੀਆਂ 3 ਘਟਨਾਵਾਂ ਦੇ ਮਾਮਲੇ ਨੂੰ ਵੀ ਹੱਲ ਕਰ ਲਿਆ ਗਿਆ ਏ।

ਮੁੱਢਲੀ ਜਾਂਚ ਜਾਰੀ ਏ ਤੇ ਹੋਰ ਵੇਰਵਿਆਂ ਦੀ ਉਡੀਕ ਏ।

ਦਿੱਲੀ ਦੇ ਚੁਗਿਰਦਾ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਦਾਅਵਾ ਕੀਤਾ ਏ ਕਿ 3 ਨਵੰਬਰ ਨੂੰ ਪੰਜਾਬ ਵਿੱਚ ਇੱਕ ਦਿਨ ਵਿੱਚ ਪਰਾਲੀ ਸਾੜ੍ਹਨ ਦੀਆਂ 580 ਤੋਂ ਵੱਧ ਘਟਨਾਵਾਂ ਦਰਜ ਕੀਤੀਆਂ ਗਈਆਂ ਨੇ । ਰਾਸ਼ਟਰੀ ਰਾਜਧਾਨੀ ਦੇ ਸ਼ਾਸਤਰੀ ਪਾਰਕ ਵਿਖੇ ਏਕੀਕ੍ਰਿਤ ਕਮਾਂਡ ਅਤੇ ਕੰਟਰੋਲ ਸੈਂਟਰ ਦੇ ਦੌਰੇ ਦੌਰਾਨ, ਸ੍ਰੀ ਸਿਰਸਾ ਨੇ ਕਿਹਾ ਕਿ ਪਿਛਲੇ ਮਹੀਨੇ ਦੀ 30 ਤਰੀਕ ਨੂੰ ਦਿੱਲੀ ਦਾ ਹਵਾ ਗੁਣਵੱਤਾ ਸੂਚਕਾਂਕ 60 ਸੀ, ਜੋ 31 ਤਰੀਕ ਨੂੰ ਵਧ ਕੇ 117 ਹੋ ਗਿਆ। ਉਨ੍ਹਾਂ ਸਵਾਲ ਕੀਤਾ ਕਿ ਪ੍ਰਦੂਸ਼ਣ ਸਿਰਫ਼ ਤਿੰਨ ਦਿਨਾਂ ਵਿੱਚ ਅਚਾਨਕ ਕਿਵੇਂ ਵਧ ਗਿਆ। ਸ੍ਰੀ ਸਿਰਸਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਅੰਕੜਿਆਂ ਮੁਤਾਬਿਕ, ਝੋਨੇ ਦੀ ਕਟਾਈ 70 ਫੀਸਦੀ ਪੂਰੀ ਹੋ ਗਈ ਏ । ਸ੍ਰੀ ਸਿਰਸਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਪੰਜਾਬ ਵਿੱਚ ਝੋਨੇ ਦੀ ਕਟਾਈ ਸ਼ੁਰੂ ਹੋਣ ਬਾਰੇ ਝੂਠ ਬੋਲਣ ਦਾ ਇਲ੍ਜ਼ਾਮ ਲਾਇਆ. ਪੰਜਾਬ ਦੇ ਪ੍ਰਦੂਸ਼ਣ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਦਾਅਵਾ ਕੀਤਾ ਕਿ ਬਠਿੰਡਾ ਵਿੱਚ ਪ੍ਰਦੂਸ਼ਣ ਦਾ ਪੱਧਰ 1100 ਤੋਂ ਵੱਧ ਅਤੇ ਤਲਵੰਡੀ ਸਾਬੋ ਵਿੱਚ 1 ਹਜ਼ਾਰ ਤੋਂ ਵੱਧ ਏ -

BYTE: SIRSA PUNJAB

ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਅੰਬਾਲਾ ਛਾਉਣੀ ਵਿੱਚ ਸ਼ਹੀਦ ਯਾਦਗਾਰ ਦਾ ਉਦਘਾਟਨ ਕਰਨਗੇ।

ਇਹ ਯਾਦਗਾਰ 1857 ਦੀ ਆਜ਼ਾਦੀ ਦੀ ਲੜਾਈ ਦੇ ਬਹਾਦਰ ਸ਼ਹੀਦਾਂ ਦੀ ਯਾਦ ਵਿੱਚ ਬਣਾਈ ਗਈ ਏ। BJP ਨੇਤਾ ਅਤੇ ਸਾਬਕਾ ਮੰਤਰੀ ਅਸੀਮ ਗੋਇਲ ਨੇ ਅੰਬਾਲਾ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ ਇਸਦਾ ਐਲਾਨ ਕੀਤਾ।

ਪੁਰਾਣੀ ਦਿੱਲੀ ਵਿੱਚ ਚਾਵੜੀ ਬਾਜ਼ਾਰ ਮੈਟਰੋ ਸਟੇਸ਼ਨ ਨੇੜੇ ਅੱਜ ਉਸਾਰੀ ਅਧੀਨ ਇੱਕ ਤਿੰਨ ਮੰਜ਼ਿਲਾ ਇਮਾਰਤ ਢਹਿ ਗਈ। ਇਸ ਵਿੱਚ 15 ਲੋਕਾਂ ਦੇ ਫਸੇ ਹੋਣ ਦਾ ਖਦਸ਼ਾ ਏ, ਜਦਕਿ ਕਈ ਹੋਰ ਜ਼ਖਮੀ ਹੋ ਗਏ ਨੇ। ਦਿੱਲੀ ਅੱਗ ਬੁਝਾਊ ਵਿਭਾਗ ਮੁਤਾਬਿਕ, ਇਹ ਘਟਨਾ ਅੱਜ ਸਵੇਰੇ ਕਰੀਬ 9 ਵਜ ਕੇ 50 ਮਿੰਟ 'ਤੇ ਵਾਪਰੀ। ਰਾਹਤ ਅਤੇ ਬਚਾਅ ਕਾਰਜ ਜਾਰੀ ਨੇ।

ਨੌਜਵਾਨ ਬੈਡਮਿੰਟਨ ਖਿਡਾਰੀ, ਤਨਵੀ ਪਾਤਰੀ ਨੇ ਸੇਨੇਗਲ ਦੇ Dakar ਵਿੱਚ, ਯੂਥ ਓਲੰਪਿਕ ਖੇਡਾਂ 'ਚ, ਔਰਤਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ, ਪਹੁੰਚ ਕੇ ਇਤਿਹਾਸ ਰਚ ਦਿੱਤਾ ਏ। ਤਨਵੀ ਇਹ ਉਪਲਬਧੀ ਹਾਸਲ ਕਰਨ ਵਾਲੀ ਪਹਿਲੀ ਭਾਰਤੀ ਬਣ ਗਈ ਏ।

9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਜਾਪਾਨ ਨਾਲ ਹੋਵੇਗਾ। ਇਹ ਮੈਚ ਸ਼ਾਮ 7 ਵਜੇ ਮੋਹਾਲੀ ਦੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰਰਾਸ਼ਟਰੀ ਹਾਕੀ ਸਟੇਡੀਅਮ ਵਿੱਚ ਸ਼ੁਰੂ ਹੋਵੇਗਾ।

ਬੀਤੀ ਰਾਤ ਭਾਰਤ ਨੇ ਦੱਖਣੀ ਕੋਰੀਆ ਨੂੰ 8-1 ਨਾਲ ਹਰਾ ਕੇ, ਫਾਈਨਲ ਵਿੱਚ ਆਪਣੀ ਥਾਂ ਪੱਕੀ ਕੀਤੀ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਏਸ਼ੀਆਈ ਪੈਰਾ ਖੇਡਾਂ 2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਦੇ ਮੈਂਬਰਾਂ ਨਾਲ ਅੱਜ ਨਵੀਂ ਦਿੱਲੀ ‘ਚ ਗੱਲਬਾਤ ਕਰਨਗੇ।

- ਚੋਣ ਕਮਿਸ਼ਨ ਵਲੋਂ ਚੰਡੀਗੜ੍ਹ, ਸਮੇਤ ਵੱਖ-ਵੱਖ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੇ ਰਾਜਾਂ ‘ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੋਧ SSR ਦਾ ਐਲਾਨ।

- ਕੇਂਦਰ ਨੇ ਪੰਜਾਬ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ VB-G RAM G ਕਾਨੂੰਨ ਤਹਿਤ ਚਾਰਾ ਸੁਰੱਖਿਆ ਮਜ਼ਬੂਤ ਕਰਨ ਸੰਬੰਧੀ ਸਲਾਹ ਜਾਰੀ ਕੀਤੀ।

- ਸੁਪਰੀਮ ਕੋਰਟ ਨੇ ਕਿਹੈ ਕਿ ਗ੍ਰਿਫ਼ਤਾਰ ਵਿਅਕਤੀ ਨੂੰ ਮੈਜਿਸਟ੍ਰੇਟ ਸਾਹਮਣੇ ਪੇਸ਼ ਕਰਨ ਲਈ 24 ਘੰਟੇ ਦੀ ਸੰਵਿਧਾਨਕ ਸਮਾਂ-ਸੀਮਾ ਅਸਲ ਹਿਰਾਸਤ ਦੇ ਸਮੇਂ ਤੋਂ ਸ਼ੁਰੂ ਹੁੰਦੀ ਏ।

- 9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਜਾਪਾਨ ਨਾਲ। ਮੁਕਾਬਲਾ ਸ਼ਾਮ 7 ਵਜੇ ਸ਼ੁਰੂ ਹੋਵੇਗਾ।

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!